ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ

ਕੰਪਃਪੰ.ਸ.ਸ.ਬ, ਈ-ਬਲਾਕ, 6ਵੀਂ ਮੰਜਿਲ, ਫੇਜ਼ਃ8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰਃ **ਟਰਾਂਸਫਰਸੈੱਲ**/2024666102/10 ਮਿਤੀਃਐਸ.ਏ.ਐਸ ਨਗਰਃ 13-09-2025

1.0 ਸਾਲ 2025 ਦੌਰਾਨ ਜਾਰੀ ਜਨਤਕ ਸੂਚਨਾ ਰਾਹੀਂ ਪ੍ਰਾਇਮਰੀ ਕਾਡਰ ਦੇ ਅਧਿਆਪਕਾਂ ਜੋ ਪਾਲਿਸੀ ਅਨੁਸਾਰ ਕਵਰ ਹੁੰਦੇ ਸਨ ਅਤੇ ਬਦਲੀ ਕਰਵਾਉਣਾ ਚਾਹੁੰਦੇ ਸਨ, ਉਨ੍ਹਾਂ ਤੋਂ ਬਦਲੀ ਲਈ ਆਨਲਾਈਨ ਬੇਨਤੀਆਂ ਮੰਗੀਆਂ ਗਈਆਂ ਸਨ। ਦਰਖਾਸਤਕਰਤਾਵਾਂ ਵੱਲੋਂ ਬਦਲੀ ਲਈ ਬੇਨਤੀ ਕਰਦੇ ਸਮੇਂ ਜੋ ਡਾਟਾ ਭਰਿਆ ਗਿਆ ਸੀ, ਉਸਦੀ ਤਸਦੀਕ ਬੀਪੀਈਓ/ਡੀਈਓ ਵੱਲੋਂ ਕੀਤੀ ਗਈ ਸੀ।

2.0 ਜੋ ਅਧਿਆਪਕ ਜਿਲ੍ਹੇ ਦੇ ਅੰਦਰ (Within District) ਅਤੇ ਜਿਲ੍ਹੇ ਤੋਂ ਬਾਹਰ (Inter District) ਬਦਲੀ ਕਰਵਾਉਣ ਵਿੱਚ ਸਫਲ ਹੋ ਗਏ ਹਨ, ਉਨਾਂ ਦੀ ਬਦਲੀ ਦੇ ਹੁਕਮ ਉਨ੍ਹਾਂ ਦੀ ਈਪੰਜਾਬ ਆਈਡੀ ਤੇ ਮਿਤੀ 22.08.2025 ਅਤੇ 06.09.2025 ਨੂੰ ਅਪਲੋਡ ਕਰ ਦਿੱਤੇ ਗਏ ਹਨ।

3.0 ਵਿਭਾਗ ਵੱਲੋਂ ਬਦਲੀਆਂ ਦੇ ਤੀਜੇ ਗੇੜ ਦੌਰਾਨ ਆਪਸੀ ਬਦਲੀਆਂ (Mutual Transfer) ਕੀਤੀਆਂ ਜਾਣੀਆਂ ਹਨ। ਜਿਨ੍ਹਾਂ ਅਧਿਆਪਕਾਂ/ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਆਪਸੀ ਬਦਲੀ (Mutual Transfer) ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇੰਨ ਕਰਕੇ ਬਦਲੀ ਲਈ ਮਿਤੀ 13-09-2025 ਤੋਂ 14-09-2025 ਤੱਕ ਆਪਸ਼ਨ ਦੇ ਸਕਦੇ ਹਨ।

4.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ।

5.0 ਜੇਕਰ ਕਿਸੇ ਅਧਿਆਪਕ ਨੂੰ ਆਪਸੀ ਬਦਲੀ ਲਈ ਆਨਲਾਈਨ ਅਪਲਾਈ ਕਰਨ ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਭਧ ਹੈ।

**ਸਹਾਇਕ ਡਾਇਰੈਕਟਰ (ਅਮਲਾ-1)**